## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 16-10-2024**

- ਕੇਂਦਰ ਸਰਕਾਰ ਨੇ, ਮੰਡੀਕਰਨ ਸੀਜ਼ਨ 2025-26 ਲਈ, ਹਾੜ੍ਹੀ ਦੀਆਂ ਫ਼ਸਲਾਂ ਵਾਸਤੇ ਘੱਟੋ-ਘੱਟ ਸਮਰਥਨ ਮੁੱਲ ਵਧਾਉਣ ਦੀ ਮਨਜ਼ੂਰੀ ਦੇ ਦਿੱਤੀ ਏ।
- ਸਰਵਉੱਚ ਅਦਾਲਤ ਨੇ ਪਰਾਲੀ ਸਾੜਨ ਕਾਰਨ ਹੋਣ ਵਾਲੇ ਹਵਾ ਪ੍ਰਦੂਸ਼ਣ ਸੰਬਧੀ ਹੁਕਮਾਂ ਦੀ ਪਾਲਣਾ ਨਾ ਕਰਨ ਲਈ, ਪੰਜਾਬ ਅਤੇ ਹਰਿਆਣਾ ਸਰਕਾਰ ਦੀ ਆਲੋਚਨਾ ਕੀਤੀ ਏ।
- ਨਾਇਬ ਸਿੰਘ ਸੈਣੀ ਨੂੰ ਹਰਿਆਣਾ ਵਿੱਚ BJP ਵਿਧਾਇਕ ਦਲ ਦਾ ਆਗੂ ਚੁਣਿਆ ਗਿਆ - ਉਹ ਭਲਕੇ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ।

- ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਮਹਾਰਿਸ਼ੀ ਵਾਲਮੀਕਿ ਜੈਅੰਤੀ ਮੌਕੇ ਲੋਕਾਂ ਨੂੰ ਵਧਾਈ ਦਿੱਤੀ ।

---------------------------------------------------------

ਕੇਂਦਰ ਸਰਕਾਰ ਨੇ ਅੱਜ ਮੰਡੀਕਰਨ ਸੀਜ਼ਨ 2025-26 ਲਈ ਹਾੜ੍ਹੀ ਦੀਆਂ ਫ਼ਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ MSP ਵਧਾਉਣ ਦੀ ਮਨਜ਼ੂਰੀ ਦੇ ਦਿੱਤੀ ਏ । ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪ੍ਰਧਾਨਗੀ ਹੇਠ ਲਏ ਗਏ ਮੰਤਰੀ ਮੰਡਲ ਦੇ ਫੈਸਲਿਆਂ ਬਾਰੇ ਮੀਡੀਆ ਨੂੰ ਜਾਣਕਾਰੀ ਦਿੱਤੀ । ਮੰਤਰੀ ਨੇ ਕਿਹਾ, ਰੇਪਸੀਡ ਅਤੇ ਸਰ੍ਹੋਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਸਭ ਤੋਂ ਵੱਧ 300 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਦਰਜ ਕੀਤਾ ਗਿਆ ਏ ਅਤੇ ਇਸ ਤੋਂ ਬਾਅਦ ਦਾਲ ਦੀ ਕੀਮਤ 275 ਰੁਪਏ ਪ੍ਰਤੀ ਕੁਇੰਟਲ ਏ । ਉਨ੍ਹਾਂ ਕਿਹਾ, ਛੋਲਿਆਂ ਦਾ ਘੱਟੋ-ਘੱਟ ਸਮਰਥਨ ਮੁੱਲ 210 ਰੁਪਏ ਪ੍ਰਤੀ ਕੁਇੰਟਲ ਅਤੇ

ਕਣਕ 150 ਰੁਪਏ ਪ੍ਰਤੀ ਕੁਇੰਟਲ ਵਧਿਆ ਏ। ਏਧਰ ਪੰਜਾਬ ਦੇ ਕਿਸਾਨਾਂ ਨੇ ਇਸ ਫੈਸਲੇ ਲਈ ਸਰਕਾਰ ਦਾ ਧੰਨਵਾਦ ਕੀਤਾ ਏ।

---------------------------------------------------------------

ਮੰਤਰੀ ਅਸ਼ਵਨੀ ਵੈਸ਼ਨਵ ਨੇ ਇਹ ਵੀ ਐਲਾਨ ਕੀਤਾ ਕਿ ਮੰਤਰੀ ਮੰਡਲ ਨੇ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ ਮਹਿੰਗਾਈ ਭੱਤੇ ਵਿੱਚ ਤਿੰਨ ਫੀਸਦੀ ਵਾਧੇ ਨੂੰ ਪ੍ਰਵਾਨਗੀ ਦਿੱਤੀ ਏ। ਮੰਤਰੀ ਨੇ ਕਿਹਾ, ਡੀ.ਏ ਵਿੱਚ ਵਾਧੇ ਨਾਲ, ਕੇਂਦਰ ਸਰਕਾਰ ਦੇ 49 ਲੱਖ ਕਰਮਚਾਰੀਆਂ ਅਤੇ 64 ਲੱਖ ਤੋਂ ਵੱਧ ਪੈਨਸ਼ਨਰਾਂ ਨੂੰ ਲਾਭ ਹੋਵੇਗਾ।

---------------------------------------------------------------

ਸਰਵਉੱਚ ਅਦਾਲਤ ਨੇ ਪਰਾਲੀ ਸਾੜਨ ਕਾਰਨ ਹੋਣ ਵਾਲੇ ਹਵਾ ਪ੍ਰਦੂਸ਼ਣ ਨਾਲ ਸਬੰਧਤ ਹੁਕਮਾਂ ਦੀ ਪਾਲਣਾ ਨਾ ਕਰਨ ਲਈ, ਹਰਿਆਣਾ ਅਤੇ ਪੰਜਾਬ ਦੀਆਂ ਸੂਬਾ ਸਰਕਾਰਾਂ ਦੀ ਆਲੋਚਨਾ ਕੀਤੀ ਏ। ਜਸਟਿਸ ਅਭੈ ਐਸ. ਓਕਾ ਦੀ ਅਗਵਾਈ ਵਾਲੇ ਬੈਂਚ ਨੇ, ਅੱਜ ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ-CAQM ਨੂੰ ਹਰਿਆਣਾ ਸਰਕਾਰ ਦੇ ਅਧਿਕਾਰੀਆਂ ਖਿਲਾਫ ਸਜ਼ਾਯੋਗ ਕਾਰਵਾਈ ਕਰਨ ਦਾ ਨਿਰਦੇਸ਼ ਦਿੱਤਾ, ਜੋ ਉਲੰਘਣਾ

ਕਰਨ ਵਾਲਿਆਂ ਖਿਲਾਫ  ਕਾਰਵਾਈ ਕਰਨ ਵਿੱਚ ਅਸਫਲ ਰਹੇ ਨੇ । ਬੈਂਚ ਨੇ ਉਲੰਘਣਾ ਕਰਨ ਵਾਲਿਆਂ ਖਿਲਾਫ  ਕਾਰਵਾਈ ਕਰਨ ਲਈ ਇਕ ਹਫਤੇ ਦਾ ਸਮਾਂ ਤੈਅ ਕੀਤਾ ਏ। ਬੈਂਚ ਨੇ ਇਸ ਮਾਮਲੇ ਸੰਬਧੀ ਹਰਿਆਣਾ ਦੇ ਮੁੱਖ ਸਕੱਤਰ ਨੂੰ ਸੰਮਨ ਭੇਜ ਕੇ 23 ਅਕਤੂਬਰ ਨੂੰ ਪੇਸ਼ ਹੋਣ ਲਈ ਕਿਹਾ ਏ । ਪੰਜਾਬ ਦੇ ਮੁੱਖ ਸਕੱਤਰ ਨੂੰ ਵੀ ਇਸ ਦਿਨ ਅਦਾਲਤ ਵਿੱਚ ਹਾਜ਼ਰ ਰਹਿਣ ਅਤੇ ਹੁਕਮਾਂ ਦੀ ਪਾਲਣਾ ਨਾ ਕਰਨ ਸਬੰਧੀ ਸਪੱਸ਼ਟੀਕਰਨ ਦੇਣ ਦੇ ਨਿਰਦੇਸ਼ ਦਿੱਤੇ ਗਏ ਨੇ । ਇਹ ਦੱਸਣ ਲਈ ਵੀ ਕਿਹਾ ਗਿਆ ਏ ਕਿ ਅਫਸਰਾਂ ਖਿਲਾਫ ਕੋਈ ਕਾਰਵਾਈ ਕਿਉਂ ਨਹੀਂ ਕੀਤੀ ਗਈ ?

---------------------------------------------------------------

ਹਰਿਆਣਾ ਦੇ ਕਾਰਜਕਾਰੀ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ, ਭਾਰਤੀ ਜਨਤਾ ਪਾਰਟੀ ਵਿਧਾਇਕ ਦਲ ਦਾ ਨੇਤਾ ਚੁਣ ਲਿਆ ਗਿਆ ਏ । ਕੇਂਦਰੀ ਗ੍ਰਿਹ ਮੰਤਰੀ ਅਤੇ ਪਾਰਟੀ ਅਬਜ਼ਰਵਰ ਅਮਿਤ ਸ਼ਾਹ ਨੇ ਅੱਜ ਪੰਚਕੂਲਾ ਸਥਿਤ ਪਾਰਟੀ ਦਫ਼ਤਰ ਵਿੱਚ ਵਿਧਾਇਕ ਦਲ ਦੀ ਮੀਟਿੰਗ ਤੋਂ ਬਾਅਦ ਇਹ ਜਾਣਕਾਰੀ ਦਿੱਤੀ ।

**BYTE:**

ਸੀਨੀਅਰ ਵਿਧਾਇਕਾਂ ਅਨਿਲ ਵਿੱਜ ਅਤੇ ਕ੍ਰਿਸ਼ਨ ਕੁਮਾਰ ਬੇਦੀ ਨੇ, ਨਾਇਬ ਸਿੰਘ ਸੈਣੀ ਦੇ ਨਾਮ ਦੀ ਤਜਵੀਜ਼ ਕੀਤੀ। ਭਾਰਤੀ ਜਨਤਾ ਪਾਰਟੀ ਨੇ ਵਿਧਾਨ ਸਭਾ ਚੋਣਾਂ ਵਿੱਚ, ਨਾਇਬ ਸਿੰਘ ਸੈਣੀ ਨੂੰ ਮੁੱਖ ਮੰਤਰੀ ਵਜੋਂ ਪੇਸ਼ ਕੀਤਾ ਸੀ ਅਤੇ ਪਾਰਟੀ ਨੂੰ ਚੋਣਾਂ ਵਿੱਚ ਸ਼ਾਨਦਾਰ ਜਿੱਤ ਮਿਲੀ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ ਨੇ, ਸ੍ਰੀ ਸੈਣੀ ਨੂੰ ਵਿਧਾਇਕ ਦਲ ਦਾ ਆਗੂ ਚੁਣੇ ਜਾਣ 'ਤੇ ਵਧਾਈ ਦਿੱਤੀ। ਮੀਟਿੰਗ ਵਿੱਚ ਕੇਂਦਰੀ ਮੰਤਰੀ ਧਰਮਿੰਦਰ ਪ੍ਰਧਾਨ, ਮਨੋਹਰ ਲਾਲ ਅਤੇ BJP ਦੇ ਸੂਬਾ ਪ੍ਰਧਾਨ ਮੋਹਨ ਲਾਲ ਬਡੋਲੀ ਸਮੇਤ ਕਈ ਆਗੂ ਮੌਜੂਦ ਸਨ। ਨਾਇਬ ਸਿੰਘ ਸੈਣੀ, BJP ਵਿਧਾਇਕ ਦਲ ਦੇ ਨਾਲ ਰਾਜਪਾਲ ਬੰਡਾਰੂ ਦੱਤਾਤ੍ਰੇਅ ਨੂੰ ਮਿਲਣਗੇ ਅਤੇ ਸੂਬੇ ਵਿੱਚ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕਰਨਗੇ। ਕੱਲ੍ਹ ਪੰਚਕੂਲਾ ਦੇ ਸ਼ਾਲੀਮਾਰ ਮੈਦਾਨ ਵਿੱਚ ਸਹੁੰ ਚੁੱਕ ਸਮਾਗਮ ਹੋਵੇਗਾ।

----------------------------------------------------------------

ਨੈਸ਼ਨਲ ਕਾਨਫਰੰਸ ਦੇ ਆਗੂ ਉਮਰ ਅਬਦੁੱਲਾ ਨੇ, ਕੇਂਦਰ ਸ਼ਾਸਤ ਪ੍ਰਦੇਸ਼ ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ ਏ। ਉਪ ਰਾਜਪਾਲ ਮਨੋਜ ਸਿਨਹਾ ਨੇ ਅੱਜ ਸ਼੍ਰੀਨਗਰ ਦੇ ਸ਼ੇਰ-ਏ-ਕਸ਼ਮੀਰ ਇੰਟਰਨੈਸ਼ਨਲ ਕਨਵੈਨਸ਼ਨ ਸੈਂਟਰ ਵਿਖੇ, ਸ਼੍ਰੀ ਅਬਦੁੱਲਾ ਅਤੇ ਉਨ੍ਹਾਂ ਦੇ ਮੰਤਰੀ ਮੰਡਲ ਨੂੰ ਅਹੁਦੇ ਦੀ ਸਹੁੰ ਚੁਕਾਈ। ਸਹੁੰ ਚੁੱਕ ਸਮਾਗਮ ਵਿੱਚ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ, ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ, ਜੰਮੂ-ਕਸ਼ਮੀਰ ਦੀ ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫ਼ਤੀ ਅਤੇ ਭਾਰਤੀ ਜਨਤਾ ਪਾਰਟੀ ਦੇ ਆਗੂ ਵੀ ਸ਼ਾਮਲ ਹੋਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉਮਰ ਅਬਦੁੱਲਾ ਨੂੰ ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕਣ 'ਤੇ ਵਧਾਈ ਦਿੱਤੀ ਏ। ਅੱਜ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਉਮਰ ਅਬਦੁੱਲਾ ਨੂੰ ਲੋਕਾਂ ਦੀ ਸੇਵਾ ਲਈ, ਉਨ੍ਹਾਂ ਦੇ ਯਤਨਾਂ ਵਾਸਤੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ

ਕੇਂਦਰ, ਜੰਮੂ-ਕਸ਼ਮੀਰ ਦੀ ਤਰੱਕੀ ਲਈ, ਸ੍ਰੀ ਅਬਦੁੱਲਾ ਅਤੇ ਉਨ੍ਹਾਂ ਦੀ ਟੀਮ ਨਾਲ ਮਿਲ ਕੇ ਕੰਮ ਕਰੇਗਾ।

-----------------------------------------------------------

ਆਕਾਸ਼ਵਾਣੀ ਦੇ ਪੰਜਾਬ , ਹਰਿਆਣਾ ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਸਥਿਤ ਕੇਂਦਰਾਂ ਦੇ ਗਰੁੱਪ-14 ਦੀ ਜ਼ੋਨਲ ਪ੍ਰੋਗਰਾਮ ਤਾਲਮੇਲ ਕਮੇਟੀ ਦੀ ਦੋ ਦਿਨਾਂ ਮੀਟਿੰਗ, ਆਕਾਸ਼ਵਾਣੀ ਜਲੰਧਰ ਵਿਖੇ ਕਰਵਾਈ ਗਈ। 15 ਅਕਤੂਬਰ ਨੂੰ ਸ਼ੁਰੂ ਹੋਈ ਇਸ ਮੀਟਿੰਗ ਨੂੰ ਉਤਰੀ ਜ਼ੋਨ ਦੇ ਕੰਟੈਂਟ ਅਤੇ ਓਪ੍ਰੇਸ਼ਨਲ ਦੀ ਸਰਪ੍ਰਸਤੀ ਹੇਠ ਕਰਵਾਇਆ ਗਿਆ। ਇਸ ਮੀਟਿੰਗ ਵਿਚ ਪੰਜਾਬ, ਹਰਿਆਣਾ ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਸਥਿਤ ਆਕਾਸ਼ਵਾਣੀ ਕੇਂਦਰਾਂ ਦੇ ਪ੍ਰੋਗਰਾਮ ਮੁਖੀਆਂ ਨੇ ਹਿੱਸਾ ਲਿਆ। ਮੀਟਿੰਗ ਦੀ ਪ੍ਰਧਾਨਗੀ ਆਕਾਸ਼ਵਾਣੀ ਦੇ ਜ਼ੋਨਲ ਮੁਖੀ DDG ਪ੍ਰਹਲਾਦ ਰਾਮ ਮੀਨਾ ਨੇ ਕੀਤੀ। ਇਸ ਮੌਕੇ ਵੱਖ ਵੱਖ ਕੇਂਮਦਰਾਂ ਵਲੋਂ ਪਿਛਲੇ ਸਾਲ ਦੀਆਂ ਉਪਲਬਧੀਆਂ ਬਾਰੇ ਜ਼ੋਨਲ ਮੁਖੀ ਨੂੰ ਜਾਣੂ ਕਰਵਾਇਆ ਗਿਆ ਤੇ ਕੇਂਦਰਾਂ ਨੂੰ ਦਰਪੇਸ਼ ਸਮਸਿਆਵਾਂ ਬਾਰੇ

ਇਕ ਅਜੇਂਡੇ ਤਹਿਤ ਚਰਚਾ ਕੀਤੀ ਗਈ। ਆਕਾਸ਼ਵਾਣੀ ਜਲੰਧਰ ਦੇ ਪ੍ਰੋਗਰਾਮ ਮੁਖੀ ਪਰਮਜੀਤ ਸਿੰਘ ਨੇ ਇਸ ਮੀਟਿੰਗ ਬਾਰੇ ਦਸਿਆ।

**BYTE:**

---------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਮਹਾਰਿਸ਼ੀ ਵਾਲਮੀਕਿ ਜੈਅੰਤੀ ਮੌਕੇ ਲੋਕਾਂ ਨੂੰ ਵਧਾਈ ਦਿੱਤੀ ਏ। ਮਹਾਰਿਸ਼ੀ ਵਾਲਮੀਕਿ ਜੀ ਨੂੰ ਮਹਾਨ ਰਿਸ਼ੀ ਅਤੇ ਕਵੀ ਦੱਸਦਿਆਂ ਰਾਜਪਾਲ ਨੇ ਕਿਹਾ ਕਿ ਉਨ੍ਹਾਂ ਨੇ ਆਪਣੇ ਮਹਾਨ ਕਾਰਜਾਂ ਰਾਹੀਂ ਸ਼ਾਂਤੀ ਅਤੇ ਨੈਤਿਕਤਾ ਵਰਗੀਆਂ ਕਦਰਾਂ-ਕੀਮਤਾਂ ਨੂੰ ਅਪਣਾਉਣ ਦੀ ਸਿੱਖਿਆ ਦਿੱਤੀ, ਜੋ ਅੱਜ ਵੀ ਸਮਾਜ ਲਈ ਪ੍ਰਸੰਗਿਕ ਨੇ। ਰਾਜਪਾਲ ਨੇ ਇਹ ਵੀ ਕਿਹਾ ਕਿ ਮਹਾਂਰਿਸ਼ੀ ਵਾਲਮੀਕਿ ਜੀ ਦੁਆਰਾ ਰਚਿਤ ਪਵਿੱਤਰ ਮਹਾਂਕਾਵਿ ਰਾਮਾਇਣ ਇੱਕ ਆਦਰਸ਼ ਅਤੇ ਨੇਕ ਜੀਵਨ, ਵਿਸ਼ਵ-ਵਿਆਪੀ ਮਾਨਵਵਾਦ ਅਤੇ ਮਾਨਵਤਾ ਦੀ ਏਕਤਾ ਲਈ ਰਾਹ ਪੱਧਰਾ ਕਰਦੀ ਏ। ਉਨ੍ਹਾਂ ਕਿਹਾ ਕਿ ਸਮਾਜ ਸੁਧਾਰਕ ਅਤੇ ਲੋਕਾਂ ਦੇ ਮਸੀਹਾ ਵਜੋਂ ਸਮਾਜਿਕ ਨਿਆਂ, ਸਮਾਨਤਾ ਅਤੇ ਹੇਠਲੇ ਵਰਗਾਂ ਦੀ

ਮੁਕਤੀ ਦੇ ਸੰਕਲਪ 'ਤੇ ਜ਼ੋਰ ਦੇਣ ਲਈ ਮਹਾਰਿਸ਼ੀ ਵਾਲਮੀਕਿ ਜੀ ਦੇ ਬੇਮਿਸਾਲ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਨੇ ਲੋਕਾਂ ਨੂੰ ਮਹਾਰਿਸ਼ੀ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸਮਾਜਿਕ-ਆਰਥਿਕ ਸਸ਼ਕਤੀਕਰਨ ਲਈ ਖੜ੍ਹੇ ਹੋਣ ਦੀ ਅਪੀਲ ਕੀਤੀ।

-----------------------------------------------------------

ਪਹਿਲੇ ਅੰਤਰ-ਕਮਾਂਡ ਵੂਮੈਨ ਕਰਾਸ ਕੰਟਰੀ, ਹਾਕੀ ਅਤੇ ਖੋ-ਖੋ ਮੁਕਾਬਲੇ-2024 ਦਾ ਉਦਘਾਟਨ ਜਲੰਧਰ ਬੀ.ਐੱਸ.ਐੱਫ. ਫਰੰਟੀਅਰ ਹੈੱਡਕੁਆਰਟਰ ਵਿਖੇ ਕੀਤਾ ਗਿਆ। ਪੰਜਾਬ BSF ਦੇ IG ਡਾ. ਅਤੁਲ ਫੁਲਝੇਲੇ ਨੇ ਅਧਿਕਾਰਤ ਤੌਰ 'ਤੇ ਕਰਾਸ-ਕੰਟਰੀ ਦੌੜ ਨੂੰ ਝੰਡੀ ਦਿਖਾ ਕੇ ਸ਼ੁਰੂ ਕੀਤਾ, ਜਿਸ ਤੋਂ ਬਾਅਦ ਹਾਕੀ ਅਤੇ ਖੋ-ਖੋ ਮੈਚ ਹੋਏ। ਸਾਰੇ ਭਾਗੀਦਾਰਾਂ ਨੂੰ ਸ਼ੁੱਭਕਾਮਨਾਵਾਂ ਦਿੰਦੇ ਹੋਏ ਡਾ. ਅਤੁਲ ਫੁਲਝੇਲੇ ਨੇ ਕਿਹਾ ਕਿ ਇਹ ਟੂਰਨਾਮੈਂਟ ਹੁਨਰ, ਟੀਮ ਵਰਕ ਅਤੇ ਦ੍ਰਿੜਤਾ ਦਾ ਪ੍ਰਦਰਸ਼ਨ ਹੋਵੇਗਾ। ਉਨ੍ਹਾਂ ਸਾਰੇ ਭਾਗੀਦਾਰਾਂ ਨੂੰ ਆਪਣਾ ਵਧੀਆ ਪ੍ਰਦਰਸ਼ਨ ਦੇਣ, ਮੁਕਾਬਲੇ ਦਾ ਅਨੰਦ ਲੈਣ ਅਤੇ ਸਥਾਈ ਯਾਦਾਂ ਬਣਾਉਣ ਲਈ

ਪ੍ਰੇਰਿਤ ਕੀਤਾ। ਉਨ੍ਹਾਂ ਨੇ ਟੀਮਾਂ ਦੇ ਲਗਨ, ਮਿਹਨਤ ਅਤੇ ਖੇਡਾਂ ਪ੍ਰਤੀ ਜਨੂੰਨ ਦੀ ਸ਼ਲਾਘਾ ਕੀਤੀ। ਉਨ੍ਹਾਂ ਔਰਤਾਂ ਦੀਆਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ, BSF ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ BSF ਮਰਦਾਂ ਦੀਆਂ ਖੇਡਾਂ ਵਾਂਗ ਹੀ, ਔਰਤਾਂ ਦੀਆਂ ਖੇਡਾਂ ਦਾ ਸਮਰਥਨ ਕਰਨ ਲਈ ਸਮਰਪਿਤ ਏ।

---------------------------------------------------

BJP ਪੰਜਾਬ ਟਰੇਡ ਸੈਲ ਦੇ ਕੋ-ਕਨਵੀਨਰ ਰਵਿੰਦਰ ਧੀਰ ਨੇ ਕਿਹਾ ਏ ਕਿ ਪੰਜਾਬ ਸਰਕਾਰ ਵੱਲੋਂ ਤਿਉਹਾਰਾਂ ਦੇ ਦਿਨਾਂ 'ਚ ਆਮ ਲੋਕਾਂ 'ਤੇ ਜੀ.ਐਸ.ਟੀ. ਵਿਭਾਗ ਦੀ ਸਖ਼ਤੀ ਕਰਵਾ ਰਹੀ ਏ। ਅੱਜ ਜਲੰਧਰ ਵਿਖੇ ਹੋਈ ਇਕ ਮੀਟਿੰਗ ਵਿਚ ਉਨ੍ਹਾਂ ਇਹ ਗੱਲ ਕਹਿ ਇਸ ਮੌਕੇ ਜ਼ਿਲ੍ਹਾ BJP ਮੀਤ ਪਰਦਾਨ ਅਸ਼ਵਨੀ ਭੰਡਾਰੀ, ਰਾਜੇਸ਼ ਕਪੂਰ, ਅਸ਼ੋਕ ਸਰੀਨ ਹਿੱਕੀ, ਅਮਰਜੀਤ ਸਿੰਘ ਗੋਲਡੀ, ਅਤੇ ਹੋਰਾਂ ਨੇ ਕਿਹਾ ਕਿ ਪਿਛਲੇ ਕੁੱਝ ਦਿਨਾਂ ਤੋਂ ਟੈਕਸੇਸ਼ਲਨ ਵਿਭਾਗ ਦੇ ਅਧਿਕਾਰੀਆਂ ਨੇ, ਵਪਾਰੀਆਂ ਸਮੇਤ ਆਮ ਲੋਕਾਂ ਤੋਂ ਜ਼ਬਰਦਸਤੀ ਟੈਕਸ ਦੀ ਵਸੂਲੀ ਸ਼ੁਰੂ ਕੀਤੀ ਹੋਈ ਏ। ਜਿਸਨੂੰ ਲੈ ਕੇ ਪੰਜਾਬ ਦੇ ਦੁਕਾਨਦਾਰ, ਵਪਾਰੀ

ਅਤੇ ਗਾਹਕ  ਮਜ਼ਬੂਰ ਬੇਬਸ ਨਜ਼ਰ ਆ ਰਹੇ ਹਨ। ਰਵਿੰਦਰ ਧੀਰ ਨੇ ਕਿਹਾ ਕਿ ਪੰਜਾਬ ’ਚ ਜਦ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਤਦ ਤੋਂ ਆਮ ਆਦਮੀ ਦੀਆਂ ਮੁਸ਼ਕਲਾਂ ਵਿੱਚ ਭਾਰੀ ਵਾਧਾ ਹੋਇਆ ਏ । ਇਹ ਸਰਕਾਰ ਹਰ ਫਰੰਟ ਵਿੱਚ ਨਾਕਾਮ ਸਾਬਤ ਹੋਈ  ਏ ਅਤੇ ਪੰਜਾਬ ਦੇ ਲੋਕ   ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ ।

---------------------------------------------------------------

ਸਿਟੀ ਆਫੀਸ਼ੀਅਲ ਲੈਂਗੂਏਜ ਇੰਪਲੀਮੈਂਟੇਸ਼ਨ ਕਮੇਟੀ ਦੇ ਚੇਅਰਮੈਨ, ਜੇ.ਐਸ. ਮਿਨਹਾਸ ਦੀ ਅਗਵਾਈ ਹੇਠ ਜਲੰਧਰ ਵਿਖੇ ਸਾਂਝੀ ਹਿੰਦੀ ਵਰਕਸ਼ਾਪ ਕਾਰਵਾਈ ਗਈ ।  ਇਸ ਵਰਕਸ਼ਾਪ ਵਿੱਚ ਮੈਂਬਰ ਦਫਤਰਾਂ ਤੋਂ 40 ਤੋਂ ਵੱਧ ਪ੍ਰਤੀਭਾਗੀਆਂ ਨੇ ਹਿੱਸਾ  ਲਿਆ ।  ਵਰਕਸ਼ਾਪ ਵਿੱਚ ਕੇਂਦਰੀ ਵਿਦਿਆਲਿਆ ਦੇ ਸੇਵਾਮੁਕਤ ਪ੍ਰਿੰਸੀਪਲ ਡਾ: ਜਸਵੰਤ ਮਿਨਹਾਸ ਅਤੇ ਸੇਵਾਮੁਕਤ ਸਹਾਇਕ ਨਿਰਦੇਸ਼ਕ ਸੁਸ਼ਮਾ ਗੁਪਤਾ ਨੇ ਹਿੰਦੀ ਭਾਸ਼ਾ ਦੀ ਮਹੱਤਤਾ ਬਾਰੇ ਲੈਕਚਰ ਦਿੱਤਾ ।  ਭਾਗੀਦਾਰਾਂ ਨੇ ਸਰਕਾਰੀ ਭਾਸ਼ਾ ਨੂੰ ਲਾਗੂ ਕਰਨ ਵਿੱਚ ਦਰਪੇਸ਼ ਸਮੱਸਿਆਵਾਂ ਦਾ

ਜ਼ਿਕਰ ਕੀਤਾ ਅਤੇ ਸਕੱਤਰ ਨੇ ਸਮੇਂ ਸਿਰ ਹੱਲ ਕਰਨ ਦਾ ਸੁਝਾਅ ਦਿੱਤਾ। ਸਲਾਨਾ ਪ੍ਰੋਗਰਾਮ 2024-25 ਵਿੱਚ ਦਿੱਤੇ ਗਏ ਟੀਚਿਆਂ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਜੇ.ਐਸ. ਮਿਨਹਾਸ ਨੇ ਇਸ ਵਰਕਸ਼ਾਪ ਵਿੱਚ ਆਏ ਸਾਰੇ ਪ੍ਰਤੀਭਾਗੀਆਂ ਨੂੰ ਤਹਿ ਦਿਲੋਂ ਵਧਾਈ ਦਿੱਤੀ

---------------------------------------------------------------

ਨੈਸ਼ਨਲ ਵਲੰਟਰੀ ਬਲੱਡ ਡੋਨੇਸ਼ਨ ਦਿਵਸ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਖੂਨਦਾਨ ਮੁਹਿੰਮ ਤਹਿਤ ਸਿਹਤ ਵਿਭਾਗ ਰੂਪਨਗਰ ਦੇ ਸਹਿਯੋਗ ਨਾਲ ਰੈਲਮਾਜਰਾ ਫੈਕਟਰੀ ਵਿਖੇ 14ਵਾਂ ਖੂਨਦਾਨ ਕੈਂਪ ਲਗਾਇਆ ਗਿਆ। ਇਸ ਮੌਕੇ ਸਿਵਲ ਸਰਜਨ ਰੂਪਨਗਰ ਡਾ. ਤਰਸੇਮ ਸਿੰਘ ਨੇ ਕਿਹਾ ਕਿ ਖੂਨਦਾਨ ਜੀਵਨ ਦਾਨ ਏ ਅਤੇ ਹਰ ਇੱਕ ਵਿਅਕਤੀ ਨੂੰ ਆਪਣਾ ਇਖਲਾਕੀ ਫਰਜ਼ ਸਮਝਦੇ ਹੋਏ ਸਮੇਂ-ਸਮੇਂ ਤੇ ਖੂਨਦਾਨ ਕਰਦੇ ਰਹਿਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਨਿਰੰਤਰ ਖੂਨਦਾਨ ਕਰਨ ਨਾਲ ਸਰੀਰ ਵਿੱਚ ਕਿਸੇ ਵੀ ਕਿਸਮ ਦੀ ਕਮਜ਼ੋਰੀ ਨਹੀਂ ਆਉਂਦੀ ਅਤੇ ਇਸ ਨਾਲ ਸਰੀਰ ਤੰਦਰੁਸਤ ਰਹਿੰਦਾ ਏ ਤੇ ਕਈ ਬਿਮਾਰੀਆਂ ਤੋਂ

ਬਚਿਆ ਜਾ ਸਕਦਾ ਏ। ਉਨ੍ਹਾਂ ਕਿਹਾ ਕਿ ਜੇਕਰ ਹਰ ਤੰਦਰੁਸਤ ਵਿਅਕਤੀ ਖ਼ੂਨਦਾਨ ਕਰਨ ਦਾ ਪ੍ਰਣ ਲੈ ਲਵੇ ਤਾਂ ਨਿਸ਼ਚੇ ਹੀ ਬਹੁਤ ਸਾਰੀਆਂ ਕੀਮਤੀ ਜਾਨਾਂ ਜਿਨ੍ਹਾਂ ਨੂੰ ਖ਼ੂਨ ਦੀ ਜਰੂਰਤ ਹੁੰਦੀ ਹੈ, ਨੂੰ ਬਚਾਇਆ ਜਾ ਸਕਦਾ ਏ। ਉਨਾਂ ਵੱਲੋਂ ਕੰਪਨੀ ਦੇ ਇਸ ਉਪਰਾਲੇ ਦੀ ਸ਼ਲਾਘਾ ਵੀ ਕੀਤੀ ਗਈ।

---

**ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਕੇਂਦਰ ਸਰਕਾਰ ਨੇ, ਮੰਡੀਕਰਨ ਸੀਜ਼ਨ 2025-26 ਲਈ, ਹਾੜ੍ਹੀ ਦੀਆਂ ਫ਼ਸਲਾਂ ਵਾਸਤੇ ਘੱਟੋ-ਘੱਟ ਸਮਰਥਨ ਮੁੱਲ ਵਧਾਉਣ ਦੀ ਮਨਜ਼ੂਰੀ ਦੇ ਦਿੱਤੀ ਏ।
- ਸਰਵਉੱਚ ਅਦਾਲਤ ਨੇ ਪਰਾਲੀ ਸਾੜਨ ਕਾਰਨ ਹੋਣ ਵਾਲੇ ਹਵਾ ਪ੍ਰਦੂਸ਼ਣ ਸੰਬਧੀ ਹੁਕਮਾਂ ਦੀ ਪਾਲਣਾ ਨਾ ਕਰਨ ਲਈ, ਪੰਜਾਬ ਅਤੇ ਹਰਿਆਣਾ ਸਰਕਾਰ ਦੀ ਆਲੋਚਨਾ ਕੀਤੀ ਏ।

- ਨਾਇਬ ਸਿੰਘ ਸੈਣੀ ਨੂੰ ਹਰਿਆਣਾ ਵਿੱਚ BJP ਵਿਧਾਇਕ ਦਲ ਦਾ ਆਗੂ ਚੁਣਿਆ ਗਿਆ - ਉਹ ਭਲਕੇ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ।
- ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਮਹਾਰਿਸ਼ੀ ਵਾਲਮੀਕਿ ਜੈਅੰਤੀ ਮੌਕੇ ਲੋਕਾਂ ਨੂੰ ਵਧਾਈ ਦਿੱਤੀ ।